# ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
# ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ, ਪੰਜਾਬ

ਐਸ.ਸੀ.ਓ. ਨੰ: 162-164, ਤੀਜੀ ਮੰਜ਼ਿਲ, ਸੈਕਟਰ 34-ਏ, ਚੰਡੀਗੜ੍ਹ ਫੋਨ : 0172-5043244

---

ਵੱਲ :

1. ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ), ਪੰਜਾਬ।
2. ਸਮੂਹ ਸਰਕਾਰੀ ਹਾਈ/ਸੀਨੀ.ਸੈਕੰਡਰੀ ਸਕੂਲਾਂ ਦੇ ਮੁੱਖੀ
   (ਵੈਬਸਾਈਟ ਰਾਹੀਂ)

ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2010/**R055683-684**
ਮਿਤੀ, ਚੰਡੀਗੜ੍ਹ : 07-12-2010

ਵਿਸ਼ਾ : ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਤਹਿਤ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਟੂਰ ਤੇ ਲੈ ਜਾਣ ਸੰਬੰਧੀ।

ਹਵਾਲਾ : ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2010/**R055025** ਮਿਤੀ, ਚੰਡੀਗੜ੍ਹ : 04-11-2010, ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2010/**R055491** ਮਿਤੀ, ਚੰਡੀਗੜ੍ਹ : 30-11-2010 ਦੀ ਲਗਾਤਾਰਤਾ ਵਿੱਚ।

1.0 ਉਕਤ ਵਿਸ਼ੇ ਅਤੇ ਹਵਾਲੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਵੱਖ-ਵੱਖ ਜ਼ਿਲ੍ਹਿਆਂ ਤੋਂ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਰਮਸਅ ਤਹਿਤ ਸਕੂਲਾਂ ਵੱਲੋਂ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਟੂਰ ਤੇ ਲੈ ਜਾਣ ਵੇਲੇ ਕਾਫੀ ਗਿਣਤੀ ਵਿੱਚ ਅਧਿਆਪਕ ਵੀ ਨਾਲ ਹੀ ਟੂਰ ਤੇ ਚਲੇ ਜਾਂਦੇ ਹਨ, ਜਿਸ ਨਾਲ ਸਕੂਲ ਵਿੱਚ ਬਾਕੀ ਜਮਾਤਾਂ ਦੀ ਪੜ੍ਹਾਈ ਪ੍ਰਭਾਵਿਤ ਹੁੰਦੀ ਹੈ।

3.0 ਇਸ ਪੱਤਰ ਰਾਹੀਂ ਸਪੱਸ਼ਟ ਹਦਾਇਤ ਕੀਤੀ ਜਾਂਦੀ ਹੈ ਕਿ ਵਿਦਿਆਰਥੀਆਂ ਦਾ ਟੂਰ ਲੈ ਕੇ ਜਾਣ ਵੇਲੇ ਹੇਠ ਲਿਖੇ ਅਨੁਸਾਰ ਹੀ ਅਧਿਆਪਕਾਂ ਨੂੰ ਵਿਦਿਆਰਥੀਆਂ ਦੇ ਨਾਲ ਜਾਣ ਦੀ ਪ੍ਰਵਾਨਗੀ ਦਿੱਤੀ ਜਾਵੇ:

| ਵਿਦਿਆਰਥੀਆਂ ਦੀ ਗਿਣਤੀ | ਅਧਿਆਪਕਾਂ ਦੀ ਗਿਣਤੀ |
|---|---|
| 30 ਤੱਕ | 01 ਅਧਿਆਪਕ |
| 30-70 ਤੱਕ | 02 ਅਧਿਆਪਕ |
| 70 ਤੋਂ ਵੱਧ | 03 ਅਧਿਆਪਕ |

4.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ ਚੰਡੀਗੜ੍ਹ